**ਦਫਤਰ ਡਾਇਰੈਕਟਰ ਜਨਰਲ ਸਕੂਲ ਸਿੱਖਿਆ ਪੰਜਾਬ**
**ਐਸ.ਸੀ.ਓ.ਨੰ: 104-106 ਦੂਜੀ ਮੰਜਿਲ, ਸੈਕਟਰ-34 ਏ,ਚੰਡੀਗੜ੍ਹ**

ਵੱਲ

ਸਮੂਹ ਮੰਡਲ ਸਿੱਖਿਆ ਅਫਸਰ
ਸਮੂਹ ਜ਼ਿਲ੍ਹਾ ਸਿੱਖਿਆ ਅਫਸਰ(ਸੈ.ਸਿ)
ਸਮੂਹ ਜ਼ਿਲ੍ਹਾ ਸਿੱਖਿਆ ਅਫਸਰ(ਐ.ਸਿ)

ਮੀਮੋ ਨੰ: ਕੋਆਰਡੀਨੇਸ਼ਨ/2012/87696
ਮਿਤੀ,ਚੰਡੀਗੜ੍ਹ: 25.10.2012

ਵਿਸ਼ਾ: ਵੱਖ ਵੱਖ ਅਦਾਲਤਾਂ ਵਲੋਂ ਸਿੱਖਿਆ ਵਿਭਾਗ ਦੇ ਸਜ਼ਾ ਯਾਫਤਾ ਕਰਮਚਾਰੀਆਂ ਨੂੰ ਨੌਕਰੀ ਤੋਂ ਡਿਸਮਿਸ ਕਰਨ ਬਾਰੇ ।

ਹਵਾਲਾ: ਇਸ ਦਫਤਰ ਦੇ ਪੱਤਰ ਨੰ: ਕੋਆਰਡੀਨੇਸ਼ਨ/2012/85673 ਮਿਤੀ 14.9.2012 ਦੀ ਲਗਾਤਾਰਤਾ ਵਿੱਚ।

1.0 ਉਪਰੋਕਤ ਵਿਸ਼ੇ ਸਬੰਧੀ ਹਵਾਲੇ ਅਧੀਨ ਪੱਤਰ ਦੀ ਲਗਾਤਾਰਤਾ ਵਿੱਚ ਅਤੇ ਮਾਨਯੋਗ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਵੱਲੋਂ ਉਕਤ ਵਿਸ਼ੇ ਸਬੰਧੀ CWP No. 7486 of 2006 ਅਤੇ CWP No. 16819 of 2004 ਵਿੱਚ ਦਿੱਤੇ ਫੈਸਲੇ ਦੀ ਰੋਸ਼ਨੀ ਵਿੱਚ ਇਸ ਦਫ਼ਤਰ ਵੱਲੋਂ ਜਾਰੀ ਪੱਤਰ/ਹੁਕਮ ਮਿਤੀ 14.09.2012 ਦੇ ਪੈਰ੍ਹਾ ਨੰਬਰ 3.0 ਵਿੱਚ ਹੇਠ ਲਿਖੇ ਅਨੁਸਾਰ ਸੋਧ ਕੀਤੀ ਜਾਂਦੀ ਹੈ:-

"ਕਿ ਉਪਰਲੀ ਮਾਨਯੋਗ ਅਦਾਲਤ ਵੱਲੋਂ ਜਿਨ੍ਹਾਂ ਸਜ਼ਾ ਯਾਫਤਾ ਕਰਮਚਾਰੀਆਂ ਦੀ ਕਨਵਿਕਸ਼ਨ ਸਟੇਅ ਕੀਤੀ ਗਈ ਹੈ, ਉਨ੍ਹਾਂ ਨੂੰ ਨੌਕਰੀ ਤੋਂ ਡਿਸਮਿਸ ਨਾ ਕੀਤਾ ਜਾਵੇ ਅਤੇ ਉਨ੍ਹਾਂ ਨੂੰ ਨੌਕਰੀ ਵਿੱਚ ਬਹਾਲ ਰੱਖਿਆ ਜਾਵੇ।"

2.0 ਇੱਥੇ ਇਹ ਵਰਨਣਯੋਗ ਹੈ ਕਿ ਮਾਨਯੋਗ ਉਪਰਲੀ ਅਦਾਲਤ ਵੱਲੋਂ ਜਾਰੀ Sentence Suspend ਦੇ ਹੁਕਮਾਂ ਦੀ ਸੂਰਤ ਵਿੱਚ ਕਰਮਚਾਰੀ ਨੂੰ ਨੌਕਰੀ ਤੋਂ ਡਿਸਮਿਸ ਕੀਤਾ ਜਾਣਾ ਹੈ ਪ੍ਰੰਤੂ ਜੇਕਰ ਸਜਾਯਾਫਤਾ ਮੁਲਾਜਮ ਦੀ Conviction ਮਾਨਯੋਗ ਉਪਰਲੀ ਅਦਾਲਤ ਵੱਲੋਂ ਸਟੇਅ ਹੋ ਜਾਂਦੀ ਹੈ ਤਾਂ ਅਜਿਹੇ ਕਰਮਚਾਰੀ ਨੂੰ ਨੌਕਰੀ ਤੋਂ ਡਿਸਮਿਸ ਨਹੀਂ ਕੀਤਾ ਜਾਣਾ ਹੈ।

3.0 ਉਕਤ ਹਦਾਇਤਾਂ ਦੀ ਪਾਲਣਾ ਯਕੀਨੀ ਬਣਾਈ ਜਾਵੇ ਅਤੇ ਇਸ ਸਬੰਧੀ ਆਪ ਜੀ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਜੇਕਰ ਆਪ ਦੇ ਅਧੀਨ ਖੇਤਰ ਵਿੱਚ ਕੋਈ ਸਜ਼ਾ ਯਾਫਤਾ ਮੁਲਾਜ਼ਮ ਵਿਭਾਗ ਵਿੱਚ ਨੌਕਰੀ ਕਰ ਰਿਹਾ ਹੈ ਤਾਂ ਉਕਤ ਹਦਾਇਤਾਂ ਦੀ ਰੋਸ਼ਨੀ ਵਿੱਚ ਉਸ ਵਿਰੁੱਧ ਤੁਰੰਤ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇ। ਇਸ ਬਾਰੇ ਤੁਰੰਤ ਸੂਚਨਾਂ ਇਸ ਦਫਤਰ ਨੂੰ ਦਿੱਤੀ ਜਾਵੇ ।

ਕੇ.ਐੱਸ.ਪੰਨੂੰ,ਆਈ.ਏ.ਐੱਸ
ਡਾਇਰੈਕਟਰ ਜਨਰਲ ਸਕੂਲ ਸਿੱਖਿਆ